ਜ਼ਿਲ੍ਹਾ ਲੋਕ ਸੰਪਰਕ ਅਫਸਰ,ਕਪੂਰਥਲਾ

ਉਰਦੂ ਭਾਸ਼ਾ ਦੀ ਮੁਫ਼ਤ ਸਿਖਲਾਈ ਪਹਿਲੀ ਜੁਲਾਈ ਤੋਂ

ਕਪੂਰਥਲਾ,21 ਜੂਨ

ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵਿਖੇ ਪੰਜਾਬ ਸਰਕਾਰ ਵਲੋਂ ਹਰ ਜ਼ਿਲ੍ਹਾ ਸਦਰ ਮੁਕਾਮ ਤੇ ਉਰਦੂ ਭਾਸ਼ਾ ਦੀ ਸਿਖਲਾਈ ਮੁਫ਼ਤ ਦਿੱਤੀ ਜਾਂਦੀ ਹੈ। ਇਹ ਕੋਰਸ ਛੇ ਮਹੀਨੇ ਦਾ ਹੁੰਦਾ ਹੈ। ਇਹ ਸਿਖਲਾਈ 01-07-2021 ਤੋਂ ਸ਼ੁਰੂ ਕੀਤੀ ਜਾ ਰਹੀ ਹੈ ਅਤੇ ਕਲਾਸ ਦਾ ਸਮਾਂ ਸ਼ਾਮ 05:15 ਤੋਂ 06:15 ਵਜੇ ਤੱਕ ਹੋਵੇਗਾ।

ਕਪੂਰਥਲਾ ਜ਼ਿਲ੍ਹੇ ਨਾਲ ਸਬੰਧਤ ਜਿਹੜੇ ਵਿਅਕਤੀ ਉਰਦੂ ਸਿੱਖਣ ਦੇ ਚਾਹਵਾਨ ਹੋਣ, ਉਹ ਮਿਤੀ 30-06-2021 ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ, ਕਮਰਾ ਨੰ. 404, ਤੌਥੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ,(ਕਾਦੂਪੁਰ) ਕਪੂਰਥਲਾ ਵਿਖੇ ਆਪਣਾ ਨਾਮ ਦਰਜ ਕਰਵਾ ਕੇ ਦਾਖਲਾ ਲੈ ਸਕਦੇ ਹਨ ।